# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 02-10-2023**

- ਦੇਸ਼ ਅੱਜ ਰਾਸ਼ਟਰਪਿਤਾ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 154ਵੀਂ ਜਯੰਤੀ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ, ਦੇਸ਼-ਵਿਦੇਸ਼ ਵਿੱਚ ਭਾਰਤੀ ਮਿਸ਼ਨਾਂ ਵੱਲੋਂ ਸਮਾਗਮਾਂ ਦੀ ਲੜੀ ਦਾ ਆਯੋਜਨ ਕੀਤਾ ਜਾ ਰਿਹਾ ਏ।
- ਦੇਸ਼ ਅੱਜ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਵੀ ਉਨ੍ਹਾਂ ਦੀ ਜਨਮ ਵਰੇਗੰਢ 'ਤੇ ਯਾਦ ਕਰ ਰਿਹਾ ਏ।
- ਪੂਰਨ ਸਫ਼ਾਈ ਦੇ ਨਜ਼ਰੀਏ ਨਾਲ ਸਰਕਾਰੀ ਦਫ਼ਤਰਾਂ ਵਿੱਚ ਸਫ਼ਾਈ ਤੇ ਪੈਂਡਿੰਗ ਮਾਮਲਿਆਂ ਨੂੰ ਘਟਾਉਣ ਲਈ ਵਿਸ਼ੇਸ਼ ਮੁਹਿੰਮ ਦਾ ਤੀਜਾ ਪੜਾਅ ਸ਼ੁਰੂ ਹੋਇਆ।
- ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਅੰਮ੍ਰਿਤਸਰ ਵਿਚ ਸ਼੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ।

---

ਦੇਸ਼ ਅੱਜ ਰਾਸ਼ਟਰਪਿਤਾ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 154ਵੀਂ ਜਯੰਤੀ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ । ਦੇਸ਼-ਵਿਦੇਸ਼ ਵਿੱਚ ਭਾਰਤੀ ਮਿਸ਼ਨਾਂ ਵੱਲੋਂ ਸਮਾਗਮਾਂ ਦੀ ਲੜੀ ਦਾ ਆਯੋਜਨ ਕੀਤਾ ਜਾ ਰਿਹਾ ਏ। ਰਾਸ਼ਟਰੀ ਰਾਜਧਾਨੀ ਦਿੱਲੀ ਦੇ ਰਾਜਘਾਟ ਸਥਿਤ ਬਾਪੂ ਦੀ ਸਮਾਧੀ 'ਤੇ ਸਰਬ ਧਰਮ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਵੇਰੇ ਰਾਜਘਾਟ 'ਤੇ ਮਹਾਤਮਾ ਗਾਂਧੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਆਪਣੇ ਸੁਨੇਹੇ ਵਿੱਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਮਹਾਤਮਾ ਗਾਂਧੀ ਦੇ ਸੱਚ ਅਤੇ ਅਹਿੰਸਾ ਦੇ ਆਦਰਸ਼ਾਂ ਨੇ ਵਿਸ਼ਵ ਲਈ ਇੱਕ ਨਵਾਂ ਰਾਹ ਪੱਧਰਾ ਕੀਤਾ ਏ। ਉਨ੍ਹਾਂ ਕਿਹਾ ਕਿ ਮਹਾਤਮਾ ਗਾਂਧੀ ਨੇ ਆਪਣਾ ਸਾਰਾ ਜੀਵਨ ਅਹਿੰਸਾ ਲਈ ਹੀ ਨਹੀਂ ਸਮਰਪਿਤ ਕੀਤਾ, ਸਗੋਂ ਉਨ੍ਹਾਂ ਨੇ ਸਵੱਛਤਾ, ਔਰਤਾਂ ਸਸ਼ਕਤੀਕਰਨ, ਸਵੈ-ਨਿਰਭਰਤਾ ਅਤੇ ਕਿਸਾਨਾਂ ਦੇ ਅਧਿਕਾਰਾਂ ਦਾ ਮੁੱਦਾ ਵੀ ਉਠਾਇਆ ਅਤੇ ਛੂਆ-ਛਾਤ, ਸਮਾਜਿਕ ਵਿਤਕਰੇ ਤੇ ਅਨਪੜ੍ਹਤਾ ਵਿਰੁੱਧ ਵੀ ਲੜਾਈ ਲੜੀ। ਰਾਸ਼ਟਰਪਤੀ ਮੁਰਮੂ ਨੇ ਕਿਹਾ

ਕਿ ਮਹਾਤਮਾ ਗਾਂਧੀ ਨੇ ਸਾਰਿਆਂ ਨੂੰ ਆਜ਼ਾਦੀ ਸੰਗਰਾਮ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਅਤੇ ਇੱਕ ਵਿਸ਼ਾਲ ਅੰਦੋਲਨ ਦੀ ਅਗਵਾਈ ਕੀਤੀ ਜਿਸ ਨੇ ਇਤਿਹਾਸ ਦਾ ਰੁਖ ਬਦਲ ਦਿੱਤਾ ਤੇ ਸਾਨੂੰ ਆਜ਼ਾਦੀ ਮਿਲੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਮਹਾਤਮਾ ਗਾਂਧੀ ਦੀਆਂ ਸਦੀਵੀ ਸਿੱਖਿਆਵਾਂ ਸਾਡਾ ਮਾਰਗਦਰਸ਼ਨ ਕਰਦੀਆਂ ਰਹਿੰਦੀਆਂ ਨੇ। ਉਨ੍ਹਾਂ ਕਿਹਾ ਕਿ ਗਾਂਧੀ ਜੀ ਦਾ ਪ੍ਰਭਾਵ ਵਿਸ਼ਵਵਿਆਪੀ ਏ, ਜਿਸ ਨੇ ਸਮੁੱਚੀ ਮਨੁੱਖ ਜਾਤੀ ਨੂੰ ਏਕਤਾ ਅਤੇ ਹਮਦਰਦੀ ਦੀ ਭਾਵਨਾ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਪ੍ਰਧਾਨ ਮੰਤਰੀ ਮੋਦੀ ਨੇ ਆਸ ਪ੍ਰਗਟਾਈ ਕਿ ਉਨ੍ਹਾਂ ਦੇ ਵਿਚਾਰ ਹਰ ਨੌਜਵਾਨ ਨੂੰ ਉਸ ਬਦਲਾਅ ਦੇ ਆਗੂ ਬਣਨ ਦੇ ਯੋਗ ਬਣਾਉਣਗੇ ਜਿਸਦਾ ਉਹਨਾਂ ਸੁਪਨਾ ਦੇਖਿਆ ਸੀ, ਜਿਸ ਨਾਲ ਹਰ ਜਗ੍ਹਾ ਏਕਤਾ ਅਤੇ ਸਦਭਾਵਨਾ ਉਤਸ਼ਾਹਿਤ ਹੋਵੇਗੀ।

--------------------------------------------------

ਦੇਸ਼ ਅੱਜ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਵੀ ਉਨ੍ਹਾਂ ਦੀ ਜਯੰਤੀ 'ਤੇ ਯਾਦ ਕਰ ਰਿਹਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ

ਨਰੇਂਦਰ ਮੋਦੀ ਨੇ ਰਾਸ਼ਟਰੀ ਰਾਜਧਾਨੀ ਵਿਚ ਲਾਲ ਬਹਾਦੁਰ ਸ਼ਾਸਤਰੀ ਦੇ ਸਮਾਰਕ ਵਿਜੇ ਘਾਟ 'ਤੇ ਜਾ ਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਲਾਲ ਬਹਾਦੁਰ ਸ਼ਾਸਤਰੀ ਦੀ ਸਾਦਗੀ, ਰਾਸ਼ਟਰ ਪ੍ਰਤੀ ਸਮਰਪਣ ਅਤੇ ਜੈ ਜਵਾਨ- ਜੈ ਕਿਸਾਨ ਦਾ ਸੱਦਾ ਅੱਜ ਵੀ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਏ। ਉਨਾਂ ਕਿਹਾ ਕਿ ਭਾਰਤ ਦੀ ਤਰੱਕੀ ਪ੍ਰਤੀ ਲਾਲ ਬਹਾਦੁਰ ਸ਼ਾਸਤਰੀ ਦੀ ਅਟੁੱਟ ਵਚਨਬੱਧਤਾ ਅਤੇ ਚੁਣੌਤੀਪੂਰਨ ਸਮੇਂ ਦੌਰਾਨ ਉਨ੍ਹਾਂ ਦੀ ਅਗਵਾਈ ਮਿਸਾਲੀ ਏ।

---------------------------------------------------------------

ਪੂਰਨ ਸਫ਼ਾਈ ਦੇ ਨਜ਼ਰੀਏ ਨਾਲ ਸਰਕਾਰੀ ਦਫ਼ਤਰਾਂ ਵਿੱਚ ਸਫ਼ਾਈ ਤੇ ਪੈਂਡਿੰਗ ਮਾਮਲਿਆਂ ਨੂੰ ਘਟਾਉਣ ਲਈ ਵਿਸ਼ੇਸ਼ ਮੁਹਿੰਮ ਦਾ ਤੀਜਾ ਪੜਾਅ ਅੱਜ ਤੋਂ ਸ਼ੁਰੂ ਹੋ ਗਿਆ ਏ। ਰਾਸ਼ਟਰਪਿਤਾ ਮਹਾਤਮਾ ਗਾਂਧੀ ਦੀ ਜਯੰਤੀ ਮੌਕੇ ਸ਼ੁਰੂ ਕੀਤੀ ਗਈ ਇਹ ਵਿਸ਼ੇਸ਼ ਮੁਹਿੰਮ 31 ਅਕਤੂਬਰ ਤੱਕ ਜਾਰੀ ਰਹੇਗੀ। ਇਹ ਮੁਹਿੰਮ ਪਿਛਲੇ ਦੋ ਸਾਲਾਂ ਵਿੱਚ ਚਲਾਈਆਂ ਗਈਆਂ ਵਿਸ਼ੇਸ਼ ਮੁਹਿੰਮਾਂ ਦੀ ਨਿਰੰਤਰਤਾ ਦੀ ਲੜੀ ਵਿਚ ਹੀ ਚਲਾਈ ਗਈ ਏ।

---------------------------------------------------------------

ਏਧਰ ਪੰਜਾਬ ਵਿੱਚ ਵੀ ਰਾਸ਼ਟਰਪਿਤਾ ਮਹਾਤਮਾ ਗਾਂਧੀ ਦਾ ਜਨਮ ਦਿਵਸ ਗਾਂਧੀ ਜਯੰਤੀ ਵਜੋਂ ਮਨਾਇਆ ਜਾ ਰਿਹਾ ਏ। ਇਸ ਮੌਕੇ ਸੂਬੇ ਦੇ ਵੱਖ-ਵੱਖ ਜ਼ਿਲਿਆਂ ਵਿੱਚ ਕਈ ਸਮਾਗਮਾਂ ਦਾ ਆਯੋਜਨ ਕੀਤਾ ਗਿਆ ਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਨੂੰ ਉਨ੍ਹਾਂ ਦੇ ਜਨਮ ਦਿਵਸ ਮੌਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨਾਂ ਕਿਹਾ ਕਿ ਰਾਸ਼ਟਰ ਪਿਤਾ ਦਾ ਜੀਵਨ, ਫ਼ਲਸਫ਼ਾ ਅਤੇ ਕੁਰਬਾਨੀ ਹਮੇਸ਼ਾ ਚਾਨਣ ਮੁਨਾਰੇ ਵਾਂਗ ਰੁਸ਼ਨਾਉਂਦੇ ਰਹਿਣਗੇ ਅਤੇ ਸਾਨੂੰ ਸਾਰਿਆਂ ਨੂੰ ਸਮਾਜ, ਰਾਜ ਅਤੇ ਦੇਸ਼ ਦੀ ਨਿਸ਼ਕਾਮ ਸੇਵਾ ਕਰਨ ਲਈ ਪ੍ਰੇਰਿਤ ਕਰਦੇ ਰਹਿਣਗੇ। ਜਲੰਧਰ ਵਿਚ ਭਾਰਤੀ ਜਨਤਾ ਪਾਰਟੀ ਦੇ ਜ਼ਿਲਾ ਪ੍ਰਧਾਨ ਸੁਸ਼ੀਲ ਕੁਮਾਰ ਸ਼ਰਮਾ ਦੀ ਅਗਵਾਈ ਵਿਚ ਪਾਰਟੀ ਆਗੂਆਂ ਨੇ ਕੰਪਨੀ ਬਾਗ ਚੋਕ ਵਿਖੇ ਰਾਸ਼ਟਰਪਿਤਾ ਨੂੰ ਸ਼ਰਧਾਂਜਲੀ ਭੇਂਟ ਕੀਤੀ। ਇਸ ਮੌਕੇ ਸੂਬਾ ਜਨਰਲ ਸਕੱਤਰ ਰਾਕੇਸ਼ ਰਾਠੌਰ, ਸਾਬਕਾ ਮੰਤਰੀ ਮਨੋਰੰਜਨ ਕਾਲੀਆ ਅਤੇ

ਸਾਬਕਾ ਸੀਪੀਐਸ ਕ੍ਰਿਸ਼ਨ ਦੇਵ ਭੰਡਾਰੀ ਸਮੇਤ ਕਈ ਹੋ ਆਗੂ ਮੌਜੂਦ ਸਨ।

---------------------------------------------------

ਪੰਜਾਬ ਵਿੱਚ ਸਿਹਤ ਕ੍ਰਾਂਤੀ ਦੇ ਨਵੇਂ ਦੌਰ ਦੀ ਸ਼ੁਰੂਆਤ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਅੱਜ ਪਟਿਆਲਾ ਵਿਖੇ ਸਰਕਾਰੀ ਖੇਤਰ ਦਾ ਆਪਣੀ ਕਿਸਮ ਦਾ ਪਹਿਲਾ ਮਾਤਾ ਕੌਸ਼ੱਲਿਆ ਹਸਪਤਾਲ ਲੋਕਾਂ ਨੂੰ ਸਮਰਪਿਤ ਕੀਤਾ । ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਇਹ ਹਸਪਤਾਲ ਇਤਿਹਾਸਕ ਸ਼ਹਿਰ ਪਟਿਆਲਾ ਅਤੇ ਇਸ ਦੇ ਆਸ-ਪਾਸ ਦੀ ਕਰੀਬ 20 ਲੱਖ ਲੋਕਾਂ ਦੀ ਆਬਾਦੀ ਨੂੰ ਸਿਹਤ ਸਹੂਲਤਾਂ ਦੇਵੇਗਾ । ਇਸ ਹਸਪਤਾਲ ਵਿੱਚ 300 ਬੈੱਡ ਨੇ ਅਤੇ ਹੁਣ ਇਸ ਵੱਕਾਰੀ ਸਿਹਤ ਸੰਸਥਾ ਵਿੱਚ 66 ਬੈੱਡਾਂ ਦਾ ਵਾਧਾ ਕੀਤਾ ਜਾ ਰਿਹਾ ਏ। ਹਸਪਤਾਲ ਨੂੰ 13.80 ਕਰੋੜ ਰੁਪਏ ਦੀ ਲਾਗਤ ਨਾਲ ਅਪਗ੍ਰੇਡ ਕੀਤਾ ਗਿਆ ਏ ਅਤੇ ਆਈ ਸੀ ਯੂ, ਐਨ ਆਈ ਸੀ ਯੂ ਤੇ ਹੋਰ ਸਹੂਲਤਾਂ ਉਪਲਬਧ ਕਾਰਵਾਈਆਂ ਗਈਆਂ ਨੇ । ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਨੇ ਸਿਹਤ

ਸੰਭਾਲ ਦੇ ਖੇਤਰ ਵਿੱਚ ਇੱਕ ਨਵੀਂ ਕ੍ਰਾਂਤੀ ਦੀ ਸ਼ੁਰੂਆਤ ਕੀਤੀ ਏ। ਉਨ੍ਹਾਂ ਐਲਾਨ ਕੀਤਾ ਕਿ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਉਣ ਲਈ ਇੱਕ ਸਾਲ ਦੇ ਅੰਦਰ ਸੂਬੇ ਦੇ ਸਾਰੇ ਹਸਪਤਾਲਾਂ ਵਿੱਚ ਐਮਰਜੈਂਸੀ ਸੇਵਾਵਾਂ ਚਾਲੂ ਕਰ ਦਿੱਤੀਆਂ ਜਾਣਗੀਆਂ।

---------------------------------------------------

ਪੰਜਾਬ ਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਦੀਆਂ ਹਦਾਇਤਾਂ ਮੁਤਾਬਕ ਗਾਂਧੀ ਜਯੰਤੀ ਮੌਕੇ 'ਸਵੱਛਤਾ ਹੀ ਸੇਵਾ ਮੁਹਿੰਮ - 2023' ਤਹਿਤ ਕੋਰਟ ਕੰਪਲੈਕਸ ਗੁਰਦਾਸਪੁਰ ਵਿਖੇ ਅੱਜ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਗਈ, ਜਿਸਦਾ ਨਿਰੀਖਣ ਜ਼ਿਲ੍ਹਾ ਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਵੱਲੋਂ ਕੀਤਾ ਗਿਆ। ਸਫ਼ਾਈ ਸੇਵਕਾਂ ਦੇ ਕੰਮ ਦੇ ਸ਼ਲਾਘਾ ਕਰਦਿਆਂ ਰਜਿੰਦਰ ਅਗਰਵਾਲ ਨੇ ਕੁਝ ਸਫ਼ਾਈ ਸੇਵਕਾਂ ਨੂੰ ਬੇਹਤਰ ਸੇਵਾਵਾਂ ਲਈ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ। ਆਪਣੇ ਸੰਬੋਧਨ ਵਿਚ ਉਨਾਂ ਕਿਹਾ ਕਿ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਣ ਵਿੱਚ ਸਫ਼ਾਈ ਕਰਮੀਆਂ ਦਾ ਬਹੁਤ ਅਹਿਮ ਯੋਗਦਾਨ ਏ। ਉਨ੍ਹਾਂ ਕਿਹਾ ਕਿ ਹਰ ਵਿਅਕਤੀ ਨੂੰ ਆਪਣਾ ਚੌਗਿਰਦਾ ਸਾਫ਼ ਰੱਖਣ ਵਿੱਚ

ਸਫ਼ਾਈ ਕਰਮੀਆਂ ਨੂੰ ਸਹਿਯੋਗ ਦੇਣਾ ਚਾਹੀਦਾ ਏ ਅਤੇ ਕੂੜਾ ਏਧਰ-ਓਧਰ ਸੁੱਟਣ ਦੀ ਥਾਂ ਸਿਰਫ ਕੂੜੇਦਾਨ ਵਿੱਚ ਹੀ ਪਾਉਣਾ ਚਾਹੀਦਾ ਏ। ਰਜਿੰਦਰ ਅਗਰਵਾਲ ਨੇ ਜ਼ਿਲ੍ਹਾ ਕਚਿਹਰੀਆਂ ਨੂੰ ਸਾਫ਼-ਸੁਥਰਾ ਰੱਖਣ ਲਈ 'ਹਰਾ ਗਿੱਲਾ, ਸੁੱਕਾ ਨੀਲਾ' ਦੀ ਡਸਟਬੀਨ ਪ੍ਰਣਾਲੀ ਲਾਗੂ ਕੀਤੀ ਅਤੇ ਅਦਾਲਤ ਕੰਪਲੈਕਸ ਵਿੱਚ ਇੱਕ ਪੌਦਾ ਵੀ ਲਗਾਇਆ।

----------------------------------------------------------------

ਪਠਾਨਕੋਟ ਨਗਰ ਨਿਗਮ ਨੇ ਇਕ ਨਿਜੀ ਸਕੂਲ ਵਿਖੇ ਇਨਾਮ ਵੰਡ ਸਮਾਗਮ ਕਰਵਾਇਆ ਜਿਸ ਵਿੱਚ ਸੁਪਰਡੈਂਟ ਇੰਜੀਨੀਅਰ ਸਤੀਸ਼ ਸੈਣੀ ਅਤੇ ਡਿਪਟੀ ਡੀ.ਓ ਰਾਜੇਸ਼ਵਰ ਸਲਾਰਿਆ ਸਮੇਤ ਹੋਰ ਪਤਵੰਤੇ ਹਾਜ਼ਰ ਰਹੇ। ਐਸ.ਡੀ.ਕਾਲਜ ਅਤੇ ਆਰੀਆ ਮਹਿਲਾ ਕਾਲਜ ਦੀ ਐਨ.ਸੀ.ਸੀ. ਟੀਮ ਵੀ ਆਪਣੇ ਅਧਿਆਪਕਾਂ  ਨਾਲ ਹਾਜ਼ਰ ਰਹੇ। ਬੱਚਿਆਂ ਦੇ ਭਾਸ਼ਣ ਸਮੇਤ ਕਈ ਹੋਰ ਮੁਕਾਬਲੇ ਕਰਵਾਏ ਗਏ ਅਤੇ ਜੇਤੂਆਂ ਨੂੰ ਇਨਾਮ ਦਿੱਤੇ ਗਏ। ਇਸ ਤੋਂ ਪਹਿਲਾਂ ਨਗਰ ਨਿਗਮ ਦੀ ਟੀਮ ਨੇ ਗਾਂਧੀ ਚੌਂਕ ਵਿਖੇ ਮਹਾਤਮਾ ਗਾਂਧੀ ਦੇ ਬੁੱਤ 'ਤੇ ਪਹੁੰਚ ਕੇ ਉਨ੍ਹਾਂ ਨੂੰ ਫੁੱਲ ਭੇਟ ਕੀਤੇ ਅਤੇ ਸਫਾਈ ਦਾ ਪ੍ਰਣ ਲਿਆ ਗਿਆ।

---------------------------------------------------------------

ਜ਼ਿਲ੍ਹਾ ਬਰਨਾਲਾ ਦੇ ਪਿੰਡ ਭੈਣੀ ਮਹਿਰਾਜ ਨੂੰ ਸਵੱਛ ਭਾਰਤ ਮਿਸ਼ਨ ਗ੍ਰਾਮੀਣ ਤਹਿਤ ਸੂਬਾ ਪੱਧਰੀ ਸਮਾਗਮ ਦੌਰਾਨ ਵਿਸ਼ੇਸ਼ ਸਨਮਾਨ ਹਾਸਲ ਹੋਇਆ ਏ। ਚੰਡੀਗੜ੍ਹ ਵਿੱਚ ਅੱਜ ਹੋਏ ਸੂਬਾ ਪੱਧਰੀ ਸਮਾਗਮ ਦੌਰਾਨ ਪਿੰਡ ਪੰਚਾਇਤ ਨੂੰ ਪੰਜਾਬ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਨੇ ਠੋਸ ਤੇ ਤਰਲ ਕੂੜੇ ਦੇ ਵਧੀਆ ਪ੍ਰਬੰਧਨ ਕਰਨ ਲਈ ਸਨਮਾਨਿਤ ਕੀਤਾ। ਸਰਪੰਚ ਸੁਖਵਿੰਦਰ ਕੌਰ ਅਤੇ ਪੰਚ ਹਰਮੇਲ ਸਿੰਘ ਨੇ ਸਨਮਾਨ ਮਿਲਣ 'ਤੇ ਖੁਸ਼ੀ ਜ਼ਾਹਰ ਕਰਦੇ ਹੋਏ ਕਿਹਾ ਪਿੰਡ ਦੇ ਸਰਬਪੱਖੀ ਵਿਕਾਸ ਲਈ ਬਣਾਈਆਂ ਯੋਜਨਾਵਾਂ ਤੇ ਸੁਮੱਚੀ ਪੰਚਾਇਤ ਵਲੋਂ ਮਿਲੇ ਸਹਿਯੋਗ ਸਦਕਾ ਹੀ ਠੋਸ ਤੇ ਤਰਲ ਕੂੜੇ ਦੇ ਪ੍ਰਬੰਧਨ ਲਈ ਪਿੰਡ ਦਾ ਨਾਮ ਸੂਬਾ ਪੱਧਰ 'ਤੇ ਦਰਜ ਹੋਇਆ ਏ।

---------------------------------------------------------------

ਡਾ.ਬੀ.ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ ਜਲੰਧਰ ਨੇ ਗਾਂਧੀ ਜਯੰਤੀ ਦੇ ਮੌਕੇ 'ਤੇ ਸਰਕਾਰੀ ਦਫ਼ਤਰਾਂ ਵਿੱਚ "ਸਵੱਛਤਾ" ਲਈ ਵਿਸ਼ੇਸ਼ ਡਰਾਈਵ 3.0 ਦੇ ਇੱਕ ਅਨਿੱਖੜਵੇਂ ਹਿੱਸੇ

ਵਜੋਂ ਅੱਜ ਇੱਕ ਉਤਸ਼ਾਹੀ ਸਫ਼ਾਈ ਅਭਿਆਨ, "ਸ਼੍ਰਮਦਾਨ" ਦਾ ਆਯੋਜਨ ਕੀਤਾ। ਇਸ ਮੌਕੇ 'ਤੇ ਬੋਲਦਿਆਂ ਸੰਸਥਾ ਦੇ ਡਾਇਰੈਕਟਰ ਡਾ. ਬੀ.ਕੇ. ਕਨੌਜੀਆ ਨੇ ਕਿਹਾ ਕਿ ਇਹ ਸ਼੍ਰਮਦਾਨ ਸਵੱਛਤਾ ਅਭਿਆਨ ਵਿਆਪਕ ਉਦੇਸ਼ਾਂ ਤੋਂ ਪ੍ਰੇਰਿਤ ਸੀ ਅਤੇ ਇਸ ਦਾ ਉਦੇਸ਼ ਨਾ ਸਿਰਫ਼ ਸਾਫ਼-ਸੁਥਰੇ ਤੇ ਸਿਹਤਮੰਦ ਵਾਤਾਵਰਣ ਨੂੰ ਉਤਸ਼ਾਹਿਤ ਕਰਨਾ ਸੀ, ਸਗੋਂ ਇਸ ਦੇ ਭਾਗੀਦਾਰਾਂ ਅਤੇ ਲੋਕਾਂ ਵਿੱਚ ਨਾਗਰਿਕ ਜ਼ਿੰਮੇਵਾਰੀ ਤੇ ਜਾਗਰੂਕਤਾ ਪੈਦਾ ਕਰਨਾ ਵੀ ਸੀ। ਇਸ "ਸ਼੍ਰਮਦਾਨ" ਵਿਚ ਸੰਸਥਾ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਵੱਧ ਚੜ ਕੇ ਹਿੱਸਾ ਲਿਆ।

---------------------------------------------------------------

ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਅੰਮ੍ਰਿਤਸਰ ਵਿਚ ਅੱਜ ਸ਼੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਉਹ ਦੁਪਹਿਰ ਵੇਲੇ ਹਵਾਈ ਅੱਡੇ ਤੋਂ ਸਿਧੇ ਸ਼੍ਰੀ ਦਰਬਾਰ ਸਾਹਿਬ ਪੁਜੇ। ਉਨਾਂ ਸਿਰ ‘ਤੇ ਨੀਲੇ ਰੰਗ ਦਾ ਪਟਕਾ ਬਨੀਆ ਹੋਇਆ ਸੀ। ਰਾਹੁਲ ਗਾਂਧੀ ਨੇ ਕੜਾਹ ਪ੍ਰਸਾਦ ਦੀ ਦੇਗ ਕਾਰਵਾਈ ਅਤੇ ਰੁਮਾਲਾ ਸਾਹਿਬ ਚੜਾਇਆ। ਮਗਰੋਂ ਰਾਹੁਲ ਗਾਂਧੀ ਨੇ  ਲੰਗਰ ਛਕਿਆ ਅਤੇ ਜੂਠੇ ਭਾਂਡੇ ਸਾਫ ਕਰਨ ਦੀ

ਸੇਵਾ ਕੀਤੀ। ਕਾਂਗਰਸ ਪਾਰਟੀ ਨੇ ਰਾਹੁਲ ਗਾਂਧੀ ਦੇ ਇਸ ਦੌਰੇ ਨੂੰ ਨਿਜੀ ਦੱਸਿਆ ਅਤੇ ਇਸ ਦੇ ਮੱਦੇਨਜ਼ਰ ਪੰਜਾਬ ਦੇ ਕਾਂਗਰਸੀ ਆਗੂ ਉਨ੍ਹਾਂ ਦੇ ਸਵਾਗਤ ਲਈ ਸ਼੍ਰੀ ਹਰਿਮੰਦਰ ਸਾਹਿਬ ਨਹੀਂ ਪੁੱਜੇ। ਹਵਾਈ ਅੱਡੇ ਤੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਉਨ੍ਹਾਂ ਦਾ ਸਵਾਗਤ ਕੀਤਾ। ਰਾਹੁਲ ਗਾਂਧੀ ਦੇ ਦੌਰੇ ਨੂੰ ਵੇਖਦਿਆਂ ਪੰਜਾਬ ਪੁਲਿਸ ਵੱਲੋਂ ਸੁਰੱਖਿਆ ਪ੍ਰਬੰਧ ਸਖ਼ਤ ਕੀਤੇ ਗਏ ਸਨ।

---------------------------------------------------------------

ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਭਲਕੇ 3 ਅਕਤੂਬਰ ਤੋਂ ਸਰਕਾਰੀ ਸਕੂਲਾਂ ਦਾ ਸਮਾਂ ਬਦਲ ਗਿਆ ਏ। ਇਹ ਹੁਕਮ ਪਹਿਲੀ ਅਕਤੂਬਰ ਤੋਂ ਲਾਗੂ ਕੀਤੇ ਜਾਣੇ ਸਨ ਪਰ ਪਹਿਲੀ ਅਕਤੂਬਰ ਨੂੰ ਐਤਵਾਰ ਅਤੇ 2 ਅਕਤੂਬਰ ਨੂੰ ਗਾਂਧੀ ਜੈਅੰਤੀ ਦੀ ਛੁੱਟੀ ਹੋਣ ਕਾਰਣ ਇਹ ਹੁਕਮ 3 ਅਕਤੂਬਰ ਤੋਂ ਲਾਗੂ ਹੋਣਗੇ। ਪ੍ਰਾਇਮਰੀ ਸਕੂਲਾਂ ਦਾ ਨਵਾਂ ਸਮਾਂ ਸਵੇਰੇ 8.30 ਤੋਂ ਦੁਪਹਿਰ 2.30 ਵਜੇ ਤੱਕ ਹੋਵੇਗਾ ਜਦਕਿ ਮਿਡਲ, ਹਾਈ ਤੇ ਸੀਨੀਅਰ ਸਕੂਲਾਂ ਦਾ ਸਮਾਂ ਸਵੇਰੇ 8.30 ਤੋਂ

ਦੁਪਹਿਰ 2.50 ਵਜੇ ਤੱਕ ਹੋਵੇਗਾ। ਇਹ ਸਮਾਂ 31 ਅਕਤੂਬਰ ਤੱਕ ਲਾਗੂ ਰਹੇਗਾ।

----------------------------------------------------------------

ਕਰਮਚਾਰੀ ਭਵਿੱਖ ਨਿਧਿ ਈ ਪੀ.ਐੱਫ. ਦੇ ਨਾਰਥ ਜ਼ੋਨ ਬਾਸਕਟਬਾਲ ਅਤੇ ਵਾਲੀਬਾਲ ਟੂਰਨਾਮੈਂਟ ਦੇ ਖਿਤਾਬ ਉੱਤਰ ਪ੍ਰਦੇਸ਼ ਦੀਆਂ ਟੀਮਾਂ ਨੇ ਜਿੱਤ ਲਾਏ ਨੇ । ਜਲੰਧਰ ਦੇ ਸ਼ਾਹਪੁਰ ਵਿਖੇ ਇਕ ਨਿਜੀ ਕਾਲੇਜ ਵਿਚ ਕਲ ਖਤਮ ਹੋਏ ਇਸ ਟੂਰਨਾਮੈਂਟ ਦੇ ਵਾਲੀਬਾਲ ਦੇ ਫਾਈਨਲ ਵਿਚ ਉੱਤਰ ਪ੍ਰਦੇਸ਼ ਨੇ ਹਿਮਾਚਲ ਪ੍ਰਦੇਸ਼ ਦੀ ਟੀਮ ਨੂੰ 3 -1 ਦੇ ਫਰਕ ਨਾਲ ਹਰਾਇਆ ਜਦਕਿ ਬਾਸਕਟਬਾਲ ਦੇ ਫਾਈਨਲ ਵਿਚ ਵੀ ਉੱਤਰ ਪ੍ਰਦੇਸ਼ ਦੀ ਟੀਮ ਨੂੰ ਹਿਮਾਚਲ ਪ੍ਰਦੇਸ਼ ਤੇ 38 - 29 ਦੇ ਫਰਕ ਨਾਲ ਜਿੱਤ ਹਾਸਲ ਹੋਈ। ਖੇਤਰੀ ਦਫਤਰ ਦੇ ਕਮਿਸ਼ਨਰ ਸੂਰਜ ਸ਼ਰਮਾ ਨੇ ਜੇਤੂਆਂ ਨੂੰ ਈਨਾਮ ਤਕਸੀਮ ਕੀਤੇ । ਵਾਲੀਬਾਲ ਵਿੱਚ ਪਲੇਅਰ ਆਫ ਦਾ ਟੂਰਨਾਮੈਂਟ ਦਾ ਖਿਤਾਬ ਅਮਿਤ ਨੇ ਜਿੱਤਿਆ ਅਤੇ ਬਾਸਕਟਬਾਲ ਵਿੱਚ ਪਲੇਅਰ ਆਫ ਦਾ ਟੂਰਨਾਮੈਂਟ ਆਨੰਦ ਕੁਮਾਰ ਸ਼ਰਮਾ ਰਹੇ।

----------------------------------------------------------------

ਜਲੰਧਰ ਸ਼ਹਿਰ ਲਾਗੇ ਪਿੰਡ ਕਾਹਨਪੁਰ ਵਿਖੇ ਕਲ ਲਾਪਤਾ ਹੋਇਆਂ ਤਿੰਨ ਛੋਟੀਆਂ ਕੁੜੀਆਂ ਦੀਆਂ ਲਾਸ਼ਾਂ ਉਨਾਂ ਦੇ ਘਰ ਵਿਚੋਂ ਹੀ ਇਕ ਟਰੰਕ ਵਿਚੋਂ ਮਿਲੀਆਂ ਨੇ। ਦੱਸਿਆ ਜਾਂਦਾ ਏ ਕਿ ਕੁੜੀਆਂ ਦੇ ਪਿਓ ਸੁਨੀਲ ਮੰਡਲ ਨੇ ਹੀ ਇਨਾਂ ਨੂੰ ਮਾਰ ਕੇ ਟਰੰਕ ਵਿਚ ਬੰਦ ਕਰ ਦਿਤਾ ਸੀ। ਪੁਲਿਸ ਨੇ ਜਦ ਸੁਨੀਲ ਮੰਡਲ ਤੋਂ ਸਖਤੀ ਨਾਲ ਪੁੱਛਗਿੱਛ ਕੀਤੀ ਤਾਂ ਉਸ ਨੇ ਆਪਣਾ ਗੁਨਾਹ ਕਬੂਲਦਿਆਂ ਕਿਹਾ ਕਿ ਗ਼ਰੀਬੀ ਤੋਂ ਤੰਗ ਆ ਕੇ ਉਸਨੇ ਆਪਣੀਆਂ ਧੀਆਂ ਨੂੰ ਮਾਰ ਮੁਕਾਇਆ। ਇਨਾਂ ਦੀ ਉਮਰ 9, 7 ਅਤੇ 3 ਸਾਲ ਦੀ ਸੀ। ਇਨਾਂ ਦੇ ਲਾਪਤਾ ਹੋਣ ਦੀ ਖ਼ਬਰ ਸੁਨੀਲ ਮੰਡਲ ਦੇ ਮਕਾਨ ਮਲਿਕ ਨੇ ਬੀਤੀ ਰਾਤ ਦਰਜ਼ ਕਾਰਵਾਈ ਸੀ।

---------------------------------------------------

ਸਵੈ ਇੱਛੁਕ ਖ਼ੂਨਦਾਨ ਕਰਨ ਅਤੇ ਖ਼ੂਨਦਾਨ ਇਕੱਠਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੀਆਂ ਸਰਕਾਰੀ ਸਿਹਤ ਸੰਸਥਾਵਾਂ ਨੂੰ ਸਨਮਾਨਤ ਕਰਨ ਲਈ ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਵੱਲੋਂ ਰਾਸ਼ਟਰੀ ਸਵੈ ਇੱਛੁਕ ਖ਼ੂਨਦਾਨ ਦਿਵਸ ਦਾ ਰਾਜ ਪੱਧਰੀ ਸਮਾਗਮ ਕਲ ਪਟਿਆਲਾ ਵਿਚ ਆਯੋਜਿਤ ਕੀਤਾ ਗਿਆ। ਸਿਹਤ ਤੇ ਪਰਿਵਾਰ

ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਮੁੱਖ ਮਹਿਮਾਨ ਵੱਜੋ ਇਕ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਨੁੱਖੀ ਖ਼ੂਨ ਦਾ ਕੋਈ ਬਦਲ ਨਹੀਂ ਅਤੇ  ਬਹੁਤ ਸਾਰੇ ਲੋਕ ਜੋ ਗੁਪਤਦਾਨ ਵਿੱਚ ਵਿਸ਼ਵਾਸ ਰੱਖਦੇ ਨੇ ਇਨ੍ਹਾਂ ਦਾਨੀਆਂ ਲਈ ਖ਼ੂਨਦਾਨ ਅਜਿਹਾ ਦਾਨ ਏ ਜਿਹੜਾ ਬਿਨਾਂ ਆਪਣੀ ਪਛਾਣ ਦੱਸੇ ਕੀਤਾ ਜਾ ਸਕਦਾ ਏ । ਉਨ੍ਹਾਂ ਕਿਹਾ ਕਿ ਹੁਣ ਸੂਬੇ ਦੇ ਸਰਕਾਰੀ ਹਸਪਤਾਲਾਂ ਵਿੱਚ ਕੋਈ 99 ਫ਼ੀਸਦੀ ਖ਼ੂਨਦਾਨੀ ਸਵੈ ਇੱਛੁਕ ਤੌਰ ਤੇ ਖ਼ੂਨਦਾਨ ਕਰ ਰਹੇ ਨੇ ।

--------------------------------------------------------

ਪੰਜਾਬ ਦੇ ਖਣਨ ਤੇ ਵਾਤਾਵਰਣ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਬਰਨਾਲਾ ਜ਼ਿਲੇ ਦੇ ਪਿੰਡ ਅਮਲਾ ਸਿੰਘ ਵਾਲਾ ਵਿਖੇ ਛੱਪੜ ਦੇ ਨਵੀਨੀਕਰਨ ਦਾ ਅੱਜ ਨੀਂਹ ਪੱਥਰ ਰੱਖਿਆ । ਇਸ ਮੌਕੇ ਇਕ ਇਕੱਠ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਕਿਹਾ ਕਿ ਪਿੰਡ ਦੇ ਛੱਪੜ ਦਾ ਨਵੀਨੀਕਰਨ ਥਾਪਰ ਮਾਡਲ ਦੇ ਆਧਾਰ 'ਤੇ ਕਰੀਬ 44.50 ਲੱਖ ਰੁਪਏ ਦੀ ਲਾਗਤ ਨਾਲ ਕੀਤਾ ਜਾਵੇਗਾ ਅਤੇ ਇਸ ਨਾਲ ਪਿੰਡ ਵਾਸੀਆਂ ਨੂੰ ਛੱਪੜ ਦੀ ਗੰਦਗੀ ਤੋਂ ਰਾਹਤ ਮਿਲੇਗੀ । ਉਨ੍ਹਾਂ ਕਿਹਾ ਕਿ ਸੋਧੇ ਹੋਏ

ਪਾਣੀ ਨੂੰ ਸਿੰਜਾਈ ਲਈ ਵਰਤਿਆ ਜਾਵੇਗਾ ਤੇ ਇਸ ਲਈ 11.29 ਲੱਖ ਦੀ ਲਾਗਤ ਨਾਲ ਖੇਤਾਂ ਨੂੰ ਪਾਇਪਲਾਈਨ ਪਾਈ ਜਾਵੇਗੀ। ਉਨਾਂ ਕਿਹਾ ਕਿ ਸੂਬਾ ਡਾਰਕ ਜ਼ੋਨ ਵਿੱਚ ਏ ਤੇ ਧਰਤੀ ਹੇਠਲਾ ਪਾਣੀ ਡੂੰਘਾ ਹੁੰਦਾ ਜਾ ਰਿਹਾ ਏ, ਇਸ ਲਈ ਸਰਕਾਰ ਵਲੋਂ ਇਸ ਵਾਰ ਨਹਿਰੀ ਪਾਣੀ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ। ਇਸ ਤੋਂ ਇਲਾਵਾ ਨਹਿਰੀ ਖਾਲਾਂ ਨੂੰ ਬਹਾਲ ਕੀਤਾ ਗਿਆ ਏ ਅਤੇ ਪਾਇਪਲਾਈਨ ਪ੍ਰੋਜੈਕਟਾਂ 'ਤੇ ਕਰੋੜਾਂ ਰੁਪਏ ਖਰਚੇ ਜਾ ਰਹੇ ਨੇ ਤਾਂ ਜੋ ਨਹਿਰੀ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਹੋ ਸਕੇ।